# ਵਰਲਡ ਪੰਜਾਬੀ ਟਾਈਮਜ਼

WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162, +1 (431) 458-6922

ਮੁੱਖ ਸੰਪਾਦਕ : ਡਾ. ਸੁਰਜੀਤ ਸਿੰਘ   ਸਹਿ ਸੰਪਾਦਕ: ਨਵਜੋਤ ਬਿਲਿੰਗ   ਬਿਊਰੋ ਚੀਫ ਕੈਨੇਡਾ : ਅਮਰਜੀਤ ਸਿੰਘ ਬਾਵਾ   ਬਿਊਰੋ ਚੀਫ ਭਾਰਤ : ਗਗਨਦੀਪ ਗਿੱਲ

Epaper World Punjabi Times     10 ਅਪ੍ਰੈਲ 2026 ਦਿਨ ਸ਼ੁੱਕਰਵਾਰ     ਈ-ਪੇਪਰ ਵਰਲਡ ਪੰਜਾਬੀ ਟਾਈਮਜ਼


## ਜਨਗਣਨਾ-2027 ਲਈ ਤਿੰਨ-ਰੋਜ਼ਾ ਫੀਲਡ ਟ੍ਰੇਨਰਾਂ ਦੀ ਸਿਖਲਾਈ ਵਰਕਸ਼ਾਪ ਸਮਾਪਤ

### ਜਨਗਣਨਾ-2027: ਲੁਧਿਆਣਾ ਵਿੱਚ 68 ਫੀਲਡ ਟ੍ਰੇਨਰਾਂ ਨੂੰ ਦਿੱਤੀ ਗਈ ਟ੍ਰੇਨਿੰਗ

### ਪਹਿਲੀ ਵਾਰ ਡਿਜੀਟਲ ਜਨਗਣਨਾ, 30 ਅਪ੍ਰੈਲ ਤੋਂ ਸਵੈ-ਗਣਨਾ ਦੀ ਸ਼ੁਰੂਆਤ




ਲੁਧਿਆਣਾ, 10 ਅਪ੍ਰੈਲ : ਜਨਗਣਨਾ-2027 ਤਹਿਤ ਤਿੰਨ-ਰੋਜ਼ਾ ਫੀਲਡ ਟ੍ਰੇਨਰਾਂ ਦੀ ਸਿਖਲਾਈ ਵਰਕਸ਼ਾਪ 6 ਅਤੇ 9 ਅਪ੍ਰੈਲ ਨੂੰ ਡਿਪਟੀ ਕਮਿਸ਼ਨਰ-ਕਮ-ਪ੍ਰਿੰਸੀਪਲ ਜਨਗਣਨਾ ਅਫ਼ਸਰ, ਹਿਮਾਂਸ਼ੂ ਜੈਨ ਅਤੇ ਜ਼ਿਲ੍ਹਾ ਜਨਗਣਨਾ ਅਫ਼ਸਰ-ਕਮ-ਵਧੀਕ ਡਿਪਟੀ ਕਮਿਸ਼ਨਰ ਪੂਨਮ ਸਿੰਘ ਦੀ ਪ੍ਰਧਾਨਗੀ ਹੇਠ ਜ਼ਿਲ੍ਹੇ ਵਿੱਚ ਕਰਵਾਈ ਗਈ।

ਇਹ ਸਿਖਲਾਈ ਜ਼ਿਲ੍ਹਾ ਜਨਗਣਨਾ ਕੋਆਰਡੀਨੇਟਰ ਅਤੇ ਅੰਕੜਾ ਜਾਂਚਕਰਤਾ ਗ੍ਰੇਡ-II ਅਲੋਕ ਕੁਮਾਰ, ਵਿਸ਼ਵ ਸੋਮ ਅਤੇ ਨਿਯੁਕਤ ਮਾਸਟਰ ਟ੍ਰੇਨਰਾਂ ਜਸਬੀਰ ਸਿੰਘ ਸੰਧੂ ਅਤੇ ਉਪਮਾ ਕੌਲ ਦੁਆਰਾ ਦਿੱਤੀ ਗਈ। ਦੋ ਬੈਚਾਂ (ਕ੍ਰਮਵਾਰ 35 ਅਤੇ 33 ਭਾਗੀਦਾਰ) ਵਿੱਚ ਕੁੱਲ 68 ਫੀਲਡ ਟ੍ਰੇਨਰਾਂ ਨੂੰ ਸਿਖਲਾਈ ਦਿੱਤੀ ਗਈ।

ਜਨਗਣਨਾ-2027 ਤਹਿਤ, ਜ਼ਿਲ੍ਹੇ ਵਿੱਚ ਕੁੱਲ 105 ਫੀਲਡ ਟ੍ਰੇਨਰਾਂ ਦੀ ਨਿਯੁਕਤੀ ਕੀਤੀ ਗਈ ਹੈ, ਜਿਨ੍ਹਾਂ ਵਿੱਚੋਂ 37 ਫੀਲਡ ਟ੍ਰੇਨਰਾਂ ਨੂੰ ਪਹਿਲਾਂ ਹੀ ਨਗਰ ਨਿਗਮ ਲੁਧਿਆਣਾ ਵਿਖੇ 3 ਤੋਂ 5 ਅਪ੍ਰੈਲ ਤੱਕ ਸਿਖਲਾਈ ਦਿੱਤੀ ਜਾ ਚੁੱਕੀ ਹੈ। ਇਹ ਫੀਲਡ ਟ੍ਰੇਨਰ ਤਹਿਸੀਲ/ਚਾਰਜ ਪੱਧਰ 'ਤੇ ਸੁਪਰਵਾਈਜ਼ਰਾਂ ਅਤੇ ਗਿਣਤੀਕਾਰਾਂ ਨੂੰ ਹੋਰ ਸਿਖਲਾਈ ਦੇਣਗੇ। ਦੋਵਾਂ ਬੈਚਾਂ ਲਈ ਸਿਖਲਾਈ ਸਰਕਾਰੀ ਕਾਲਜ ਫਾਰ ਗਰਲਜ਼, ਭਾਰਤ ਨਗਰ ਚੌਂਕ, ਲੁਧਿਆਣਾ ਵਿਖੇ ਸਫਲਤਾਪੂਰਵਕ ਸੰਚਾਲਿਤ ਕੀਤੀ ਗਈ।

ਸੈਸ਼ਨਾਂ ਦੌਰਾਨ, ਮਾਸਟਰ ਟ੍ਰੇਨਰਾਂ ਨੇ ਦੱਸਿਆ ਕਿ ਇਹ ਪਹਿਲੀ ਡਿਜੀਟਲ ਜਨਗਣਨਾ ਹੋਵੇਗੀ, ਅਤੇ ਸਵੈ-ਗਣਨਾ ਦੀ ਧਾਰਨਾ ਪੇਸ਼ ਕੀਤੀ, ਜਿਸ ਦੇ ਤਹਿਤ ਨਾਗਰਿਕ 30 ਅਪ੍ਰੈਲ ਤੋਂ 14 ਮਈ, 2026 ਤੱਕ ਆਪਣੇ ਘਰੇਲੂ ਵੇਰਵੇ ਭਰ ਸਕਦੇ ਹਨ। ਜਨਗਣਨਾ (ਘਰ ਸੂਚੀ) ਦਾ ਪਹਿਲਾ ਪੜਾਅ 15 ਮਈ ਤੋਂ 13 ਜੂਨ, 2026 ਤੱਕ ਕੀਤਾ ਜਾਵੇਗਾ, ਜਿਸ ਦੌਰਾਨ ਗਣਨਾਕਾਰ ਘਰਾਂ ਦਾ ਦੌਰਾ ਕਰਨਗੇ ਅਤੇ 33 ਪ੍ਰਸ਼ਨਾਂ ਰਾਹੀਂ ਜਾਣਕਾਰੀ ਇਕੱਠੀ ਕਰਨਗੇ।

ਡਿਪਟੀ ਕਮਿਸ਼ਨਰ ਅਤੇ ਨਗਰ ਨਿਗਮ ਕਮਿਸ਼ਨਰ ਨੇ ਸਾਰੇ ਨਾਗਰਿਕਾਂ ਨੂੰ ਭਾਰਤ ਸਰਕਾਰ ਦੇ ਇਸ ਮਹੱਤਵਪੂਰਨ ਅਭਿਆਸ ਵਿੱਚ ਸਰਗਰਮੀ ਨਾਲ ਸਹਿਯੋਗ ਕਰਨ ਦੀ ਅਪੀਲ ਕੀਤੀ।

ਵਰਕਸ਼ਾਪ ਵਿੱਚ ਡਿਪਟੀ ਆਰਥਿਕ ਅਤੇ ਅੰਕੜਾ ਸਲਾਹਕਾਰ ਪਰਵੀਨ ਕੁਮਾਰੀ ਅਤੇ ਜਾਂਚਕਰਤਾ ਮਨਜੀਤ ਕੌਰ ਅਤੇ ਸਾਰੇ ਫੀਲਡ ਟ੍ਰੇਨਰ ਵੀ ਸ਼ਾਮਲ ਹੋਏ।

## ਪੰਜਾਬ ਦੇ 65 ਲੱਖ ਪਰਿਵਾਰਾਂ ਨੂੰ ਮਿਲੇਗਾ 10 ਲੱਖ ਰੁਪਏ ਤੱਕ ਦੇ ਮੁਫ਼ਤ ਇਲਾਜ ਦੀ ਸਹੂਲਤ-ਗੁਰਮੀਤ ਸਿੰਘ ਖੁੱਡੀਆਂ

### ਕਿਹਾ, ਭਗਵੰਤ ਮਾਨ ਸਰਕਾਰ ਨੇ ਸਾਰੀਆਂ ਗਰੰਟੀਆਂ ਕੀਤੀਆਂ ਪੂਰੀਆਂ

### ਖੇਤੀਬਾੜੀ ਮੰਤਰੀ ਖੁਡੀਆਂ ਵੱਲੋਂ ਪੀ.ਆਰ.ਟੀ.ਸੀ ਚੇਅਰਮੈਨ ਜੁਨੇਜਾ ਵੱਲੋਂ ਮਹਾਰਾਣੀ ਕਲੱਬ ਵਿਖੇ ਲਗਾਏ ਮੁੱਖ ਮੰਤਰੀ ਸਿਹਤ ਯੋਜਨਾ ਕੈਂਪ ਉਦਘਾਟਨ

### ਪੀ.ਆਰ.ਟੀ.ਸੀ. ਦੇ ਮੁਲਾਜਮਾਂ ਨੂੰ ਵੀ ਮਿਲਿਆ ਮੁੱਖ ਮੰਤਰੀ ਸਿਹਤ ਯੋਜਨਾ ਦਾ ਵੱਡਾ ਲਾਭ-ਹਰਪਾਲ ਜੁਨੇਜਾ



ਪਟਿਆਲਾ, 10 ਅਪ੍ਰੈਲ: ਖੇਤੀਬਾੜੀ ਤੇ ਕਿਸਾਨ ਭਲਾਈ, ਪਸ਼ੂ ਪਾਲਣ, ਮੱਛੀ ਪਾਲਣ ਤੇ ਡੇਅਰੀ ਵਿਕਾਸ, ਫੂਡ ਪ੍ਰੋਸੈਸਿੰਗ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆ ਨੇ ਕਿਹਾ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਨੇ ਸੂਬਾ ਨਿਵਾਸੀਆਂ ਨਾਲ ਕੀਤੇ ਸਾਰੇ ਵਾਅਦੇ ਆਪਣੀਆਂ ਗਰੰਟੀਆਂ ਪੂਰੀਆਂ ਕਰਕੇ ਨਿਭਾਅ ਦਿੱਤੇ ਹਨ।

ਖੇਤੀਬਾੜੀ ਮੰਤਰੀ ਖੁੱਡੀਆਂ ਅੱਜ ਇੱਥੇ ਪੀ.ਆਰ.ਟੀ.ਸੀ. ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਵੱਲੋਂ ਆਮ ਲੋਕਾਂ ਲਈ ਮੁੱਖ ਮੰਤਰੀ ਸਿਹਤ ਯੋਜਨਾ ਕੇ ਕਾਰਡ ਬਣਵਾਉਣ ਲਈ ਮਹਾਰਾਣੀ ਕਲੱਬ ਵਿਖੇ ਲਗਾਏ ਜਾ ਰਹੇ ਵਿਸ਼ੇਸ਼ ਕੈਂਪ ਦਾ ਉਦਘਾਟਨ ਕਰਨ ਪੁੱਜੇ ਹੋਏ ਸਨ।

ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਯੋਗ ਰਹਿਨੁਮਾਈ ਹੇਠ ਪੰਜਾਬ ਦੀ ਜਨਤਾ ਨੂੰ ਮੁਫਤ ਮੈਡੀਕਲ ਸਹੂਲਤ ਦੇਣ ਲਈ ਸਿਹਤ ਯੋਜਨਾ ਦੇ ਕਾਰਡ ਬਣਾਉਣ ਸਬੰਧੀ ਮੁਹਿੰਮ ਸ਼ੁਰੂ ਕੀਤੀ ਗਈ ਹੈ, ਜਿਸ ਵਿੱਚ ਰਾਜ ਦੇ 65 ਲੱਖ ਪਰਿਵਾਰਾਂ ਨੂੰ 10 ਲੱਖ ਰੁਪਏ ਤੱਕ ਦੀ ਮੁਫਤ ਮੈਡੀਕਲ ਸਹੂਲਤ ਦਿੱਤੀ ਜਾਵੇਗੀ।

ਗੁਰਮੀਤ ਸਿੰਘ ਖੁੱਡੀਆਂ ਨੇ ਪੀ.ਆਰ.ਟੀ.ਸੀ. ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਵੱਲੋਂ ਕੀਤੇ ਗਏ ਵਿਸ਼ੇਸ਼ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪੀ.ਆਰ.ਟੀ.ਸੀ ਦੇ ਮੁਲਾਜਮਾਂ ਨੂੰ ਮੁੱਖ ਮੰਤਰੀ ਸਿਹਤ ਯੋਜਨਾ ਦਾ ਲਾਭ ਦੇਣ ਲਈ ਮਿਤੀ 01 ਅਪ੍ਰੈਲ 2026 ਪਹਿਲਾਂ ਇਹ ਕੈਂਪ ਲਾਉਣ ਦੀ ਸ਼ੁਰੂਆਤ ਪੀ.ਆਰ.ਟੀ.ਸੀ ਦੇ ਮੁੱਖ ਦਫਤਰ ਨਾਭਾ ਰੋਡ ਵਿਖੇ ਕੀਤੀ ਗਈ ਸੀ।

ਪੀ.ਆਰ.ਟੀ.ਸੀ. ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ ਨੇ ਦੱਸਿਆ ਕਿ ਇਹ ਕੈਂਪ ਲਗਾਤਾਰ 12 ਅਪ੍ਰੈਲ ਤੱਕ ਲਗਾਇਆ ਜਾਵੇਗਾ ਅਤੇ ਜਿੱਥੇ ਅਦਾਰੇ ਦੇ ਬਾਕੀ ਰਹਿੰਦੇ ਸਾਰੇ ਮੁਲਾਜਮਾਂ ਦੇ ਵੀ ਕਾਰਡ ਬਣਾਏ ਜਾਣਗੇ, ਉਥੇ ਹੀ ਆਮ ਲੋਕਾਂ ਲਈ ਵੀ ਇਹ ਕਾਰਡ ਬਣਾਏ ਜਾ ਰਹੇ ਹਨ।

ਚੇਅਰਮੈਨ ਜੁਨੇਜਾ ਨੇ ਦੱਸਿਆ ਕਿ ਇਸ ਸਹੂਲਤ ਦਾ ਲਾਭ ਪਟਿਆਲਾ ਵਾਸੀਆਂ ਨੂੰ ਦੇਣ ਲਈ ਇਹ ਤਿੰਨ ਰੋਜ਼ਾ ਕੈਂਪ ਮਹਾਰਾਣੀ ਤੇ ਜਿੰਮਖਾਨਾ ਕਲੱਬ ਵਿਖੇ ਲਗਾਇਆ ਜਾ ਰਿਹਾ ਹੈ, ਜਿਸ ਦਾ ਅੱਜ ਉਦਘਾਟਨ ਖੇਤੀਬਾੜੀ ਮੰਤਰੀ ਨੇ ਕੀਤਾ ਹੈ। ਉਨ੍ਹਾਂ ਨੇ ਆਮ ਲੋਕਾਂ ਨੂੰ ਆਪਣੇ ਵੱਧ ਤੋਂ ਵੱਧ ਕਾਰਡ ਬਣਵਾ ਕੇ ਇਸ ਸਹੂਲਤ ਦਾ ਲਾਭ ਲੈਣ ਦਾ ਸੱਦਾ ਦਿਤਾ।

ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਅਤੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਦੇ ਦਿਸ਼ਾ ਨਿਰਦੇਸ਼ਾਂ ਮੁਤਾਬਕ ਰਾਜ ਦੇ ਲੋਕਾਂ ਨੂੰ ਲਗਾਤਾਰ ਸਹੂਲਤਾਂ ਦਾ ਲਾਭ ਦਿੱਤਾ ਜਾ ਰਿਹਾ ਹੈ, ਜਿਸ ਕਰਕੇ ਸੂਬਾ ਨਿਵਾਸੀ ਪੰਜਾਬ ਸਰਕਾਰ ਦੀਆਂ ਨੀਤੀਆਂ ਤੋਂ ਪੂਰੇ ਖੁਸ਼ ਹਨ।

## ਮੈਂ ਸੱਚ ਲਿਖਦਾ ਹਾਂ

ਕਿਸੇ ਤੇ ਅਹਿਸਾਨ ਹੈ ਕਾਹਦਾ,ਜੇ ਮੈਂ ਸੱਚ ਲਿਖਦਾ ਹਾਂ,
ਜਮੀਰ ਜਿੰਦਾ ਹੈ ਮੇਰਾ, ਤਾਂ ਹੀ ਐਨਲਹੱਕ ਲਿਖਦਾ ਹਾਂ।

ਵਿਚਾਰਾਂ ਨੂੰ ਸਾਨ ਤੇ ਲਾ ਕੇ,ਕਾਗਜ ਤੇ ਕਲਮ ਘਸਾਉਂਦਾ ਹਾਂ,
ਆਪਣੇ ਦਿਲ ਦੀਆਂ ਪੀੜਾਂ ਤੇ,ਆਪਣਾ ਪੱਖ ਲਿਖਦਾ ਹਾਂ।

ਸ਼ਾਇਦ ਮਹਿਲਾਂ ਵਾਲਿਆਂ ਨਾਲ,ਇਸੇ ਲਈ ਨਹੀਂ ਬਣਦੀ,
ਕੱਚ ਨੂੰ ਕੱਚ ਲਿਖਦਾ ਹਾਂ,ਖੱਚ ਨੂੰ ਖੱਚ ਲਿਖਦਾ ਹਾਂ।

ਕਿਸੇ ਦੇ ਗਿੱਟੇ-ਗੋਡੇ ਲੱਗੇ ਤਾਂ,ਮਾਫ ਕਰ ਦਿਓ ਮੈਨੂੰ,
ਜੋ ਸਾਹਮਣੇ ਹੈ ਦਿਸਦਾ, ਉਹੀ ਪ੍ਰਤੱਖ ਲਿਖਦਾ ਹਾਂ।

ਹਰਫ ਲਿਖੇ ਜਾਂਦੇ ਨੇ ਅੱਜ-ਕੱਲ,ਤਾਜਾਂ-ਤਖਤਾਂ ਤੋਂ ਪੁੱਛ ਕੇ,
ਹਾਕਮ ਦੀ ਅੱਖ ਚ ਪਾ ਕੇ ਮੈਂ, ਅੱਖ ਲਿਖਦਾ ਹਾਂ।

ਹਨੇਰੀਆਂ ਰਾਤਾਂ ਵਿੱਚ ਜੁਗਨੂੰ, ਬਣ ਟਿਮਟਿਮਾਉਂਦਾ ਹਾਂ,
ਆਪਣੇ ਗੁਰੂਆਂ-ਸ਼ਹੀਦਾਂ ਤੋਂ,ਮੈਂ ਲੈ ਕੇ ਮੱਤ ਲਿਖਦਾ ਹਾਂ।

ਨਾ ਕੋਈ ਵੱਡਾ ਲਿਖਾਰੀ ਹਾਂ,ਬਹੁਤਾ ਇਲਮ ਨਹੀਂ ਮੈਨੂੰ,
ਹਵਾ ਚੋਂ ਸ਼ਬਦ ਫੜ-ਫੜ ਕੇ,ਮੈਂ ਬੇਸ਼ੱਕ ਲਿਖਦਾ ਹਾਂ।
ਹਵਾ ਚੋਂ ਸ਼ਬਦ ਫੜ ਫੜ ਕੇ.........

ਵਰਲਡ ਪੰਜਾਬੀ ਟਾਈਮਜ਼
ਪਰਮਜੀਤ ਲਾਲੀ

## ਕੈਬਨਿਟ ਮੰਤਰੀ ਮੁੰਡੀਆਂ ਨੇ ਧਨਾਨਸੁ ਅਨਾਜ ਮੰਡੀ ਵਿਖੇ ਕਣਕ ਦੀ ਖਰੀਦ ਦਾ ਲਿਆ ਜਾਇਜ਼ਾ*

### *ਕਿਸਾਨਾਂ ਨੂੰ ਸੁਚਾਰੂ, ਜਲਦੀ ਅਤੇ ਮੁਸ਼ਕਲ ਰਹਿਤ ਖਰੀਦ ਦਾ ਦਿੱਤਾ ਭਰੋਸਾ*

### *ਮੰਤਰੀ ਮੁੰਡੀਆਂ ਨੇ ਕਣਕ ਦੇ ਹਰੇਕ ਦਾਣੇ ਦੀ ਖਰੀਦ ਲਈ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ*



ਲੁਧਿਆਣਾ, 10 ਅਪ੍ਰੈਲ : ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਸ਼ੁੱਕਰਵਾਰ ਨੂੰ ਧਨਾਨਸੁ ਅਨਾਜ ਮੰਡੀ ਵਿਖੇ ਚੱਲ ਰਹੇ ਕਣਕ ਦੀ ਖਰੀਦ ਕਾਰਜਾਂ ਦਾ ਜਾਇਜ਼ਾ ਲਿਆ ਅਤੇ ਪ੍ਰਬੰਧਾਂ 'ਤੇ ਤਸੱਲੀ ਪ੍ਰਗਟ ਕੀਤੀ। ਉਨ੍ਹਾਂ ਕਿਹਾ ਕਿ ਸੁਚਾਰੂ ਖਰੀਦ ਪ੍ਰਕਿਰਿਆ ਨੂੰ ਯਕੀਨੀ ਬਣਾਉਣ ਲਈ ਸਾਰੇ ਜ਼ਰੂਰੀ ਉਪਾਅ ਲਾਗੂ ਕੀਤੇ ਗਏ ਹਨ। ਕਿਸਾਨਾਂ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਨੂੰ ਕਿਸੇ ਵੀ ਤਰ੍ਹਾਂ ਦੀ ਅਸੁਵਿਧਾ ਦਾ ਸਾਹਮਣਾ ਨਹੀਂ ਕਰਨਾ ਪਵੇਗਾ। ਉਨ੍ਹਾਂ ਅੱਗੇ ਕਿਹਾ ਕਿ ਸਾਰੀਆਂ ਮੰਡੀਆਂ ਵਿੱਚ ਕਣਕ ਦੀ ਖਰੀਦ ਨਿਰਵਿਘਨ ਜਾਰੀ ਹੈ।

ਦੌਰੇ ਦੌਰਾਨ ਹਰਦੀਪ ਸਿੰਘ ਮੁੰਡੀਆਂ ਨੇ ਦੱਸਿਆ ਕਿ ਖੁਰਾਕ ਅਤੇ ਸਿਵਲ ਸਪਲਾਈ ਵਿਭਾਗ ਦੇ ਅਧਿਕਾਰੀਆਂ ਦੇ ਨਾਲ-ਨਾਲ ਖਰੀਦ ਏਜੰਸੀਆਂ ਦੇ ਮੁਖੀਆਂ ਨੂੰ ਸਮੇਂ ਸਿਰ ਭੁਗਤਾਨ ਅਤੇ ਕਣਕ ਦੀ ਤੁਰੰਤ ਲਿਫਟਿੰਗ ਨੂੰ ਯਕੀਨੀ ਬਣਾਉਣ ਲਈ ਵਿਸਤ੍ਰਿਤ ਨਿਰਦੇਸ਼ ਪਹਿਲਾਂ ਹੀ ਜਾਰੀ ਕੀਤੇ ਜਾ ਚੁੱਕੇ ਹਨ। ਉਨ੍ਹਾਂ ਕਿਸਾਨਾਂ ਦੁਆਰਾ ਲਿਆਂਦੇ ਗਏ ਹਰੇਕ ਦਾਣੇ ਦੀ ਖਰੀਦ ਲਈ ਸਰਕਾਰ ਦੀ ਦ੍ਰਿੜ ਵਚਨਬੱਧਤਾ ਨੂੰ ਦੁਹਰਾਇਆ।

ਮੰਤਰੀ ਨੇ ਅੱਗੇ ਦੱਸਿਆ ਕਿ ਖਰੀਦ ਕੀਤੀ ਕਣਕ ਦੀ ਅਦਾਇਗੀ ਸਿੱਧੇ ਤੌਰ 'ਤੇ ਆਨਲਾਈਨ ਪ੍ਰਣਾਲੀਆਂ ਰਾਹੀਂ ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਸਮੇਂ ਸਿਰ ਟ੍ਰਾਂਸਫਰ ਕੀਤੀ ਜਾ ਰਹੀ ਹੈ। ਕੁਸ਼ਲ ਪ੍ਰਬੰਧਨ 'ਤੇ ਜ਼ੋਰ ਦਿੰਦੇ ਹੋਏ ਉਨ੍ਹਾਂ ਕਿਹਾ ਕਿ ਅਧਿਕਾਰੀਆਂ ਨੂੰ ਢੋਆ-ਢੁਆਈ, ਭੁਗਤਾਨ ਜਾਂ ਲੌਜਿਸਟਿਕਸ ਨਾਲ ਸਬੰਧਤ ਕਿਸੇ ਵੀ ਮੁੱਦੇ ਤੋਂ ਬਚਣ ਲਈ ਸਖ਼ਤੀ ਨਾਲ ਨਿਰਦੇਸ਼ ਦਿੱਤੇ ਗਏ ਹਨ।

ਖਰੀਦ ਸੀਜ਼ਨ ਦੌਰਾਨ ਕਿਸਾਨਾਂ ਲਈ ਆਰਾਮਦਾਇਕ ਮਾਹੌਲ ਪ੍ਰਦਾਨ ਕਰਨ ਲਈ ਸਾਫ਼ ਪੀਣ ਵਾਲਾ ਪਾਣੀ, ਲੋੜੀਂਦੀ ਰੋਸ਼ਨੀ, ਬੈਠਣ ਦੀ ਵਿਵਸਥਾ ਅਤੇ ਸੈਨੀਟੇਸ਼ਨ ਵਰਗੀਆਂ ਬੁਨਿਆਦੀ ਸਹੂਲਤਾਂ ਨੂੰ ਯਕੀਨੀ ਬਣਾਇਆ ਗਿਆ ਹੈ।

## ਪੀ.ਏ.ਯੂ. ਵਿਖੇ ਉੱਘੇ ਭੋਜਨ ਮਾਹਿਰ ਦਾ ਉਤਸ਼ਾਹ ਵਰਧਕ ਭਾਸ਼ਣ ਕਰਵਾਇਆ ਗਿਆ



ਲੁਧਿਆਣਾ 10 ਅਪ੍ਰੈਲ : ਪੀ.ਏ.ਯੂ. ਦੇ ਕਮਿਊਨਟੀ ਸਾਇੰਸ ਕਾਲਜ ਦੇ ਭੋਜਨ ਅਤੇ ਪੋਸ਼ਣ ਵਿਭਾਗ ਨੇ ਬੀਤੇ ਦਿਨੀਂ ਉੱਘੇ ਭੋਜਨ ਮਾਹਿਰ ਅਤੇ ਪੀ.ਏ.ਯੂ. ਦੇ ਅੰਡਜੰਕਟ ਪ੍ਰੋਫੈਸਰ ਡਾ. ਜੀਵਨ ਸਿੰਘ ਸਿੱਧੂ ਦਾ ਵਿਸ਼ੇਸ਼ ਉਤਸ਼ਾਹੀ ਭਾਸ਼ਣ ਕਰਵਾਇਆ| ਇਸ ਭਾਸ਼ਣ ਦਾ ਵਿਸ਼ਾ ਉਹਨਾਂ ਵੱਲੋਂ ਅੱਧੀ ਸਦੀ ਦੇ ਦੌਰਾਨ ਭੋਜਨ ਵਿਗਿਆਨ, ਪੋਸ਼ਣ ਅਤੇ ਤਕਨਾਲੋਜੀ ਦੇ ਖੇਤਰ ਵਿਚ ਪਾਏ ਯੋਗਦਾਨ ਨੂੰ ਬਣਾਇਆ ਗਿਆ ਸੀ|

ਕੁਵੈਤ ਯੂਨੀਵਰਸਿਟੀ ਵਿਖੇ ਮਾਸਟਰਜ਼ ਪ੍ਰੋਗਰਾਮ ਦੇ ਨਿਰਦੇਸ਼ਕ ਡਾ. ਜੀਵਨ ਸਿੰਘ ਸਿੱਧੂ ਨੇ ਇਸ ਮੌਕੇ ਪੰਜ ਦਹਾਕਿਆਂ ਦੌਰਾਨ ਆਪਣੇ ਖੇਤਰ ਵਿਚ ਕੀਤੇ ਕੰਮਾਂ ਬਾਰੇ ਵਿਸਥਾਰ ਨਾਲ ਗੱਲ ਕੀਤੀ| ਉਹਨਾਂ ਨੇ ਆਪਣੇ ਖੋਜ ਅਤੇ ਅਕਾਦਮਿਕ ਕਾਰਜ ਦੇ ਨਾਲ-ਨਾਲ ਭੋਜਨ ਵਿਗਿਆਨ ਵਿਚ ਪਾਏ ਯੋਗਦਾਨ ਨੂੰ ਵਿਸ਼ੇਸ਼ ਤੌਰ ਤੇ ਉਭਾਰਿਆ| ਨਾਲ ਹੀ ਡਾ. ਸਿੱਧੂ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਲਗਨ ਅਤੇ ਸਮਰਪਣ ਨਾਲ ਆਪਣੇ ਕਾਰਜ ਪ੍ਰਤੀ ਡੱਟੇ ਰਹਿਣ|

ਕਮਿਊਨਟੀ ਸਾਇੰਸ ਕਾਲਜ ਦੇ ਡੀਨ ਡਾ. ਕਿਰਨ ਬੈਂਸ ਨੇ ਇਸ ਸ਼ਾਨਦਾਰ ਭਾਸ਼ਣ ਲਈ ਮਹਿਮਾਨ ਬੁਲਾਰੇ ਦਾ ਧੰਨਵਾਦ ਕੀਤਾ| ਭੋਜਨ ਅਤੇ ਪੋਸ਼ਣ ਵਿਭਾਗ ਦੇ ਮੁਖੀ ਡਾ. ਹਰਪ੍ਰੀਤ ਕੌਰ ਨੇ ਇਸ ਤਰ੍ਹਾਂ ਦੀਆਂ ਹੋਰ ਗਤੀਵਿਧੀਆਂ ਲਗਾਤਾਰ ਜਾਰੀ ਰੱਖਣ ਲਈ ਵਿਭਾਗ ਦੀ ਪ੍ਰਤੀਬੱਧਤਾ ਨੂੰ ਦੁਹਰਾਇਆ| ਇਸ ਮੌਕੇ ਕਾਲਜ ਦੇ ਅਧਿਆਪਕਾਂ, ਖੋਜੀਆਂ ਅਤੇ ਵਿਦਿਆਰਥੀਆਂ ਨੇ ਭਰਪੂਰ ਮਿਕਦਾਰ ਵਿਚ ਇਸ ਭਾਸ਼ਣ ਦਾ ਹਿੱਸਾ ਬਣ ਕੇ ਮਾਣ ਹਾਸਲ ਕੀਤਾ|

## ਪੀ.ਏ.ਯੂ. ਦੇ ਫ਼ਸਲ ਵਿਗਿਆਨ ਵਿਭਾਗ ਨੇ ਡਾ. ਹਰਦਿਆਲ ਸਿੰਘ ਗਿੱਲ ਯਾਦਗਾਰੀ ਭਾਸ਼ਣ ਆਯੋਜਿਤ ਕੀਤਾ




ਲੁਧਿਆਣਾ 10 ਅਪ੍ਰੈਲ : ਬੀਤੇ ਦਿਨੀਂ ਪੀ.ਏ.ਯੂ. ਦੇ ਫਸਲ ਵਿਗਿਆਨ ਵਿਭਾਗ ਨੇ ਉੱਘੇ ਖੇਤੀ ਵਿਗਿਆਨੀ ਡਾ. ਹਰਦਿਆਲ ਸਿੰਘ ਗਿੱਲ ਦੀ ਯਾਦ ਵਿਚ ਵਿਸ਼ੇਸ਼ ਭਾਸ਼ਣ ਕਰਵਾਇਆ| ਇਸ ਮੌਕੇ ਮੀਂਹ ਤੇ ਅਧਾਰਿਤ ਖੇਤੀਬਾੜੀ ਦੀ ਉਤਪਾਦਕਤਾ ਵਧਾਉਣ ਲਈ ਸਥਿਰ ਖੇਤੀ ਤਕਨੀਕਾਂ ਵਿਸ਼ੇ ਤੇ ਵਿਸ਼ੇਸ਼ ਭਾਸ਼ਣ ਡਾ. ਐੱਸ ਵੀ ਆਰ ਸ਼ੈਟੀ ਨੇ ਦਿੱਤਾ| ਜ਼ਿਕਰਯੋਗ ਹੈ ਕਿ ਡਾ. ਸ਼ੈਟੀ ਨੇ ਫੋਰਡ ਫਾਊਂਡੇਸ਼ਨ ਫੈਲੋਸ਼ਿਪ ਤਹਿਤ ਅਮਰੀਕਾ ਦੀ ਓਰੇਗਨ ਸਟੇਟ ਯੂਨੀਵਰਸਿਟੀ ਅਤੇ ਪੀ.ਏ.ਯੂ. ਤੋਂ 1973 ਵਿਚ ਨਦੀਨ ਵਿਗਿਆਨ ਵਿਚ ਪੀ ਐੱਚ ਡੀ ਹਾਸਲ ਕੀਤੀ ਸੀ| ਉਹਨਾਂ ਨੇ ਆਪਣਾ ਸਮੁੱਚਾ ਜੀਵਨ ਏਸ਼ੀਆ ਦੇ ਛੋਟੇ ਕਿਸਾਨਾਂ ਨੂੰ ਵਿਗਿਆਨਕ ਖੇਤੀ ਤਕਨਾਲੋਜੀਆਂ ਨਾਲ ਜੋੜਨ ਅਤੇ ਉਹਨਾਂ ਦਾ ਮੁਨਾਫ਼ਾ ਵਧਾਉਣ ਲਈ ਸਮਰਪਿਤ ਕੀਤਾ| ਇਹ ਜਾਣਕਾਰੀ ਫਸਲ ਵਿਗਿਆਨ ਵਿਭਾਗ ਦੇ ਮੁਖੀ ਡਾ. ਹਰੀ ਰਾਮ ਨੇ ਸਮਾਗਮ ਵਿਚ ਮੌਜੂਦ ਮਾਹਿਰਾਂ ਅਤੇ ਵਿਦਿਆਰਥੀਆਂ ਨਾਲ ਸਾਂਝੀ ਕੀਤੀ|

ਡਾ. ਸ਼ੈਟੀ ਨੇ ਆਪਣੇ ਵਿਸ਼ੇਸ਼ ਭਾਸ਼ਣ ਦੌਰਾਨ ਅੱਜ ਵੀ ਭਾਰਤ ਵਿਚ ਵਡੇਰੀ ਖੇਤੀ ਦੇ ਮੀਂਹ ਤੇ ਅਧਾਰਿਤ ਹੋਣ ਬਾਰੇ ਉਤੇਜਕ ਤੱਥ ਪੇਸ਼ ਕੀਤੇ| ਉਹਨਾਂ ਨੇ ਕਿਹਾ ਕਿ ਖੇਤੀ ਵਿਗਿਆਨ ਦੀਆਂ ਸਥਿਰ ਵਿਧੀਆਂ ਅਪਣਾ ਕੇ ਭਾਰਤ ਵਿਚ ਫਸਲੀ ਚੱਕਰ ਸੁਧਾਰਿਆ ਅਤੇ ਵੱਧ ਉਤਪਾਦਨ ਲਿਆ ਜਾ ਸਕਦਾ ਹੈ| ਇਸ ਦੌਰਾਨ ਉਹਨਾਂ ਨੇ ਮਿੱਟੀ ਦੀ ਸਿਹਤ ਬਰਕਰਾਰ ਰੱਖਣ, ਪਾਣੀ ਦੀ ਸੰਭਾਲ ਕਰਨ, ਰਸਾਇਣਾਂ ਉੱਤੇ ਨਿਰਭਰਤਾ ਘਟਾਉਣ ਅਤੇ ਕਿਸਾਨਾਂ ਦੀ ਆਰਥਿਕ ਸੁਰੱਖਿਆ ਸੰਬੰਧੀ ਗੱਲਬਾਤ ਕੀਤੀ| ਉਹਨਾਂ ਕਿਹਾ ਕਿ ਭਾਰਤ ਵਿਚ ਖੇਤੀ ਨੂੰ ਲੰਮੇ ਸਮੇਂ ਤੱਕ ਲਾਹੇਵੰਦ ਬਣਾਏ ਰੱਖਣ ਲਈ ਵਾਤਾਵਰਨ ਸੰਭਾਲ ਤਕਨੀਕਾਂ ਅਪਨਾਉਣੀਆਂ ਲਾਜ਼ਮੀ ਹਨ| ਇਸ ਦਿਸ਼ਾ ਵਿਚ ਆਧਨਿਕ ਖੇਤੀ ਵਿਗਿਆਨ ਅਪਣਾ ਕੇ ਸਥਿਰ ਨਦੀਨ ਪ੍ਰਬੰਧਨ ਦੇ ਰਸਤੇ ਤੁਰਿਆ ਜਾ ਸਕਦਾ ਹੈ|

ਇਸ ਭਾਸ਼ਣ ਦੌਰਾਨ ਸਾਬਕਾ ਨਿਰਦੇਸ਼ਕ ਪਸਾਰ ਸਿੱਖਿਆ ਡਾ. ਜਸਪਿੰਦਰ ਸਿੰਘ ਕੁਲਾਰ, ਸਾਬਕਾ ਨਿਰਦੇਸ਼ਕ ਵਿਦਿਆਰਥੀ ਭਲਾਈ ਡਾ. ਲਾਲ ਸਿੰਘ ਬਰਾੜ, ਡਾ. ਜੇ ਐੱਸ ਸੰਧੂ, ਡਾ.ਯੂ ਐੱਸ ਵਾਲੀਆ ਅਤੇ ਖੇਤੀਬਾੜੀ ਕਾਲਜ ਦੇ ਡੀਨ ਡਾ. ਚਰਨਜੀਤ ਸਿੰਘ ਔਲਖ ਵੀ ਮੌਜੂਦ ਸਨ| ਡਾ. ਜਸਪਿੰਦਰ ਸਿੰਘ ਕੁਲਾਰ ਨੇ ਆਪਣੀ ਟਿੱਪਣੀ ਵਿਚ ਨਦੀਨ ਵਿਗਿਆਨੀ ਦੇ ਤੌਰ ਤੇ ਡਾ. ਹਰਦਿਆਲ ਸਿੰਘ ਗਿੱਲ ਨਾਲ ਜੁੜੀਆਂ ਯਾਦਾਂ ਸਾਂਝੀਆਂ ਕੀਤੀਆਂ| ਡਾ. ਲਾਲ ਸਿੰਘ ਬਰਾੜ ਨੇ ਇਸ ਮੌਕੇ ਫਸਲਾਂ ਦਾ ਝਾੜ ਵਧਾਉਣ ਲਈ ਕਿਸਾਨਾਂ ਦੇ ਲਾਭ ਵਾਸਤੇ ਢੁੱਕਵੀਆਂ ਖਾਦਾਂ ਅਤੇ ਆਧੁਨਿਕ ਮਸ਼ੀਨਰੀ ਦੇ ਨਾਲ-ਨਾਲ ਨਦੀਨਾਂ ਦੀ ਰੋਕਥਾਮ ਦੇ ਵਿਗਿਆਨਕ ਤਰੀਕੇ ਅਪਨਾਉਣ ਉੱਪਰ ਜ਼ੋਰ ਦਿੱਤਾ| ਡਾ. ਚਰਨਜੀਤ ਸਿੰਘ ਔਲਖ ਨੇ ਵੀ ਸਮਾਰੋਹ ਨੂੰ ਸੰਬੋਧਨ ਕੀਤਾ|

ਇਸ ਸੈਸ਼ਨ ਦਾ ਆਯੋਜਨ ਡਾ. ਹਰਦਿਆਲ ਸਿੰਘ ਗਿੱਲ ਵਿਸ਼ੇਸ਼ਤਾ ਪ੍ਰੋਫੈਸਰ ਚੇਅਰ ਉੱਪਰ ਵਿਰਾਜਮਾਨ ਡਾ. ਸਿਮਰਜੀਤ ਕੌਰ ਨੇ ਕੀਤਾ| ਸਮਾਰੋਹ ਦੇ ਅੰਤ ਤੇ ਸ਼ਾਨਦਾਰ ਭਾਸ਼ਣ ਲਈ ਡਾ. ਸ਼ੈਟੀ ਅਤੇ ਹਾਜ਼ਰੀਨ ਦਾ ਧੰਨਵਾਦ ਕੀਤਾ ਗਿਆ|